# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2024/ 23015 **ਦਫਤਰੀ ਹੁਕਮ** ਮਿਤੀ- 9/08/2024

ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀਬੀ/34283 ਅਤੇ ਡੀ.ਪੀ.ਆਰ/ਐਨ.ਏ/12/23242/2023/34283 ਮਿਤੀ: 08.06.2024 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 30.06.2024 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿੱਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਦੀ ਉਨ੍ਹਾਂ ਦੇ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਬਤੌਰ ਸੀਨੀਅਰ ਰੈਜੀਡੈਂਟ 03 ਸਾਲ ਦੇ ਟੈਨਿਓਰ ਲਈ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੋਣ ਕੀਤੀ ਜਾਂਦੀ ਹੈ:-

1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਡਾਕਟਰ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕੀਤੀ ਜਾਵੇਗੀ।

2) ਚੁਣੇ ਗਏ ਉਮੀਦਵਾਰ ਦੀ ਜਿਸ ਵਿਭਾਗ ਵਿਚ ਸੀਨੀਅਰ ਰੈਜੀਡੈਂਟ ਚੋਣ ਕੀਤੀ ਗਈ ਹੈ ਉਹ ਅੰਤਿਮ ਹੋਵੇਗੀ।

3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

4) ਚੁਣੇ ਗਏ ਉਮੀਦਵਾਰਾਂ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

5) ਕੈਟਾਗਰੀ 1 ਤੋ 5 ਤੱਕ ਦੇ ਡਾਕਟਰ ਆਪਣੀ ਜੁਆਇਨਿੰਗ ਸਮੇਂ ਪਿੱਤਰੀ ਵਿਭਾਗ ਤੋਂ ਜਾਰੀ ਫਾਰਮਲ ਐਨ.ਓ.ਸੀ ਪੇਸ਼ ਕਰਨਗੇ ਅਤੇ ਪਿੱਤਰੀ ਵਿਭਾਗ ਪਾਸੋਂ ਫਾਰਮਲ ਐਨ.ਓ.ਸੀ ਪੇਸ਼ ਕਰਨ ਦੀ ਸੂਰਤ ਵਿੱਚ ਹੀ ਹਾਜਰ ਕਰਵਾਇਆ ਜਾਵੇਗਾ।

6) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰਾਂ ਵਿਚੋਂ ਜੇਕਰ ਕੋਈ ਉਮੀਦਵਾਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਪਾਸ ਜੇਕਰ ਸ਼ਿਓਰਟੀ ਬਾਂਡ ਭਰਿਆ ਗਿਆ ਜਾਂ ਨਹੀ ਸਬੰਧੀ ਵੀ ਸਵੈ ਘੋਸ਼ਣਾ ਦਿੱਤੀ ਜਾਵੇਗੀ।

(7) ਕੈਟਾਗਰੀ 7 ਅਧੀਨ ਜਿਹਨਾਂ ਉਮੀਦਵਾਰਾਂ ਵੱਲੋਂ ਵੱਖ ਵੱਖ ਵਿਭਾਗਾਂ ਵਿਚ 3 ਸਾਲਾਂ ਲਈ ਸੀਨੀਅਰ ਰੈਜੀਡੈਂਸੀ ਲਈ ਅਪਲਾਈ ਕੀਤਾ ਹੈ, ਉਹਨਾਂ ਉਮੀਦਵਾਰਾਂ ਵਿਚੋਂ ਜਿਹੜੇ ਉਮੀਦਵਾਰ ਪਹਿਲਾਂ ਹੀ ਬਾਂਡਿਡ ਉਮੀਦਵਾਰ ਵੱਜੋਂ ਕੈਟਾਗਰੀ 6 ਅਧੀਨ ਸੀਨੀਅਰ ਰੈਜੀਡੈਂਸੀ ਕੀਤੀ ਜਾ ਰਹੀ ਹੈ ਦਾ 3 ਸਾਲ ਦਾ ਸੀਨੀਅਰ ਰੈਜੀਡੈਂਸੀ ਸਮਾਂ ਬਾਂਡਿਡ ਉਮੀਦਵਾਰ ਵੱਜੋਂ ਸੀਨੀਅਰ ਰੈਜੀਡੈਂਸੀ ਦੇ ਸਮੇ 1/2 ਸਾਲ (ਜਿਹੋ ਜਿਹਾ ਕੇਸ ਹੋਵੇ) ਨੂੰ ਮਿਲਾਕੇ 3 ਸਾਲ ਤੋਂ ਵੱਧ ਨਹੀਂ ਹੋਵੇਗਾ। ਇਸ ਤੋਂ ਇਲਾਵਾ ਕੈਟਾਗਰੀ 7 ਅਧੀਨ ਚੁਣੇ ਗਏ ਉਮੀਦਵਾਰ ਜੋਕਿ ਪਹਿਲਾਂ ਹੀ ਕੈਟਾਗਾਰੀ 6 ਅਧੀਨ ਬਾਂਡਿਡ ਕੈਟਾਗਰੀ ਵੱਜੋ ਕੰਮ ਕਰ ਰਹੇ ਹਨ ਉਨਾਂ ਤੇ ਉਨ੍ਹਾਂ ਵੱਲੋ ਪੀ.ਜੀ ਦੋਰਾਨ ਭਰੇ ਗਏ ਸ਼ੋਰਟੀ ਬਾਂਡ ਦੀਆਂ ਸ਼ਰਤਾ ਲਾਗੂ ਹੋਣਗੀਆਂ ਜੇਕਰ ਟੈਨਿਓਰ ਤੋਂ ਪਹਿਲਾਂ ਸੀਨੀਅਰ ਰੈਜੀਡੈਂਸੀ ਛੱਡੀ ਜਾਂਦੀ ਹੈ ਤਾਂ ਉਹ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਤੇ ਸਰਕਾਰ ਦੀ ਨੋਟੀਫਿਕੇਸ਼ਨ ਮਿਤੀ 23.08.2022 ਅਨੁਸਾਰ ਬਾਂਡ ਮਨੀ ਭਰਨ ਦੇ ਪਾਬੰਦ ਹੋਣਗੇ।

| S.No. | Name of Doctors | Father / Husband Name | Category (1 to 7) |
|---|---|---|---|
| | **Anaesthesia** | | |
| 1 | Dr. Navdeep Chohan, Merit No. 312 Batch 2015, Civil Hospital, Fatehgarh Sahib | W/o Dr Amrinderpal Singh | 1 |
| 2 | Dr. Khushpinder Pal Kaur, Merit No. 91/G/2016, PHC, Bhadson, Patiala | Sh. Harinder Pal Singh | 1 |
| 3 | Dr. Aakriti | W/o Dr. Ravitej Singh Bal | 7 |
| | **Chest and TB** | | |
| 1 | Dr. Harkirat Kaur, Merit No. 199/Com/Chest & TB/2023, Civil Hospital, Nabha | W/o Sh. Harmagan Singh | 4 |
| 2 | Dr. Misha Khattra | Sh. Sukhvinder Singh | 7 |
| | **Community Medicine** | | |
| 1 | Dr. Affia Sachdeva | Sh. Chander Mohan Sachdeva | 7 |
| | **General Medicine** | | |
| 1 | Dr. Zeenat Mahendru, Merit No. 469/BC/2013, Civil Hospital, Malerkotla | Sh. Abdul Aziz Mahendru | 1 |
| 2 | Dr. Ajay Kumar, Merit No. 395/SC/2014, SDH, Moonak, Sangrur | Sh. Nand Lal | 1 |
| 3 | Dr. Lakesh Singla | Sh. Jawahar Lal Singla | 7 |

| | | | |
|---|---|---|---|
| **Microbiology** | | | |
| 1 | Dr. Manika Sharma | Sh. Sushil Sharma | 7 |
| **Orthopedics** | | | |
| 1 | Dr. Gurpreet Singh, Merit No. 253/BC/2013, SDH, Derabassi, Dist SAS Nagar, Mohali | Sh. Bachan Lal | 1 |
| 2 | Dr. Harmanpreet Singh | Sh. Paramjeet Singh | 7 |
| 3 | Dr. Anurag Beri | Sh. Shiv Kumar Beri | 7 |
| 4 | Dr. Harsh Kumar | Sh. Harish Kumar | 7 |
| 5 | Dr. Amit Deol | Sh.Jaswant Singh | 7 |
| **Obstetrics And Gynecology** | | | |
| 1 | Dr. Veenu Dawra, Merit No. 162/G/2015, CHC ThuiKhera, Dist Fazilka | Sh. Vijay Dawra | 1 |
| 2 | Dr. Anmol Kalia | Sh. Mangat Ram Kalia | 7 |
| **Psychiatry** | | | |
| 1 | Dr. Parvarjot Kaur, Merit No. 287/GC/2016, Civil Hospital Samana, Patiala | Sh. Raj Kumar Singh | 1 |
| 2 | Dr. Aditi Singla. Merit No. 55/GC/2011, Central Jail, Patiala | W/o Dr. Sandeep Bansal | 1 |
| **Skin & VD** | | | |
| 1 | Dr. Sharang Gupta | Sh. Naresh Gupta | 7 |
| 2 | Dr. Sheenu Goyal | Sh. Vijay Kumar | 7 |
| **Radiodiagnosis** | | | |
| 1 | Dr. Angie Garg | Sh. Manikant Garg | 7 |

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਪਿੱ:ਅੰ:ਨੰ:1(4024)ਈ1/2024/ 23016-23040 ਮਿਤੀ- 9/8/24

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਾਨਯੋਗ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਰਜਿਸਟਰਾਰ, ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
9. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੋਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
13. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ